# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 09-06-2024**

- ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਨੇਤਾ ਨਰੇਂਦਰ ਮੋਦੀ, ਲਗਾਤਾਰ ਤੀਜੀ ਵਾਰ ਪ੍ਰਧਾਨ ਮੰਤਰੀ ਅਹੁਦੇ ਦੀ ਸਹੁੰ ਚੁੱਕਣਗੇ। ਸਹੁੰ ਚੁੱਕ ਸਮਾਗਮ, ਅੱਜ ਸ਼ਾਮੀ, ਸਵਾ 7 ਵਜੇ ਰਾਸ਼ਟਰਪਤੀ ਭਵਨ ਵਿਚ ਹੋਵੇਗਾ ।
- ਪੰਜਾਬ ਦੇ DGP ਵਲੋਂ ਲੋਕਾਂ ਦੀ ਸਹੂਲਤ ਲਈ, SHO ਤੋਂ ਲੈ ਕੇ ਸੀਨੀਅਰ ਅਧਿਕਾਰੀਆਂ ਨੂੰ, ਰੋਜ਼ਾਨਾ 11 ਵਜੇ ਤੋਂ ਦੁਪਹਿਰ ਇਕ ਵਜੇ ਤੱਕ ਆਪਣੇ ਦਫ਼ਤਰਾਂ 'ਚ ਬੈਠਣ ਦੇ ਹੁਕਮ।
- ਕੌਮਾਂਤਰੀ ਯੋਗ ਦਿਵਸ ਨੂੰ ਲੈਕੇ, ਲੋਕਾਂ ਵਿਚ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਏ।
- ਨਿਊਯਾਰਕ ਵਿਖੇ, ਟਵੰਟੀ-ਟਵੰਟੀ ਕ੍ਰਿਕਟ ਵਿਸ਼ਵ ਕੱਪ 'ਚ, ਅੱਜ ਭਾਰਤ ਦਾ ਮੁਕਾਬਲਾ ਪਾਕਿਸਤਾਨ ਨਾਲ ਹੋਵੇਗਾ।

---------------------------------------------------

ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਨੇਤਾ ਨਰੇਂਦਰ ਮੋਦੀ ਅੱਜ ਸ਼ਾਮ, ਲਗਾਤਾਰ ਤੀਜੀ ਵਾਰ ਪ੍ਰਧਾਨ ਮੰਤਰੀ ਅਹੁਦੇ ਦੀ ਸਹੁੰ ਚੁੱਕਣਗੇ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਹੁਣ ਤੋਂ ਥੋੜੀ ਦੇਰ ਬਾਅਦ ਨਵੀ ਦਿੱਲੀ ਸਥਿਤ ਰਾਸ਼ਟਰਪਤੀ ਭਵਨ ਵਿੱਚ, ਨਾਮਜ਼ਦ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਨਵੇਂ ਮੰਤਰੀ ਮੰਡਲ ਨੂੰ ਅਹੁਦੇ ਅਤੇ ਭੇਦ ਗੁਪਤ ਰੱਖਣ ਦੀ ਸਹੁੰ ਚੁਕਾਉਣਗੇ । ਇਸ ਤੋਂ ਪਹਿਲਾਂ ਸ਼ੁੱਕਰਵਾਰ ਨੂੰ ਸ਼੍ਰੀ ਮੋਦੀ ਨੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ ਸੀ ਅਤੇ ਸਰਕਾਰ ਦੇ ਗਠਨ ਦਾ ਦਾਅਵਾ ਪੇਸ਼ ਕੀਤਾ ਸੀ। ਭਾਰਤੀ ਜਨਤਾ ਪਾਰਟੀ ਦੇ ਪ੍ਰਧਾਨ ਜਗਤ ਪ੍ਰਕਾਸ਼ ਨੱਡਾ ਦੀ ਅਗਵਾਈ ਹੇਠ, ਰਾਸ਼ਟਰੀ ਜਮਹੂਰੀ ਗਠਜੋੜ  ਐਨ.ਡੀ.ਏ ਦੇ ਵਫ਼ਦ ਨੇ, ਰਾਸ਼ਟਰਪਤੀ ਨਾਲ ਮੁਲਾਕਾਤ ਕਰਕੇ ਸ੍ਰੀ ਮੋਦੀ ਨੂੰ BJP ਸੰਸਦੀ ਦਲ ਦਾ ਨੇਤਾ ਚੁਣੇ ਜਾਣ ਬਾਰੇ ਇੱਕ ਪੱਤਰ ਸੌਂਪਿਆ। ਜ਼ਿਕਰਯੋਗ ਏ ਕੀ ਸਹੁੰ ਚੁੱਕ ਸਮਾਗਮ ਲਈ ਕਈ ਗੁਆਂਢੀ ਮੁਲਕਾਂ ਦੇ ਨੇਤਾਵਾਂ ਨੂੰ ਸੱਦਾ ਦਿੱਤਾ ਗਿਆ ਏ । ਵਿਦੇਸ਼ ਮੰਤਰਾਲੇ ਨੇ ਦੱਸਿਆ ਕਿ ਸ੍ਰੀਲੰਕਾ ਦੇ ਰਾਸ਼ਟਰਪਤੀ ਰਾਨਿਲ ਵਿਕਰਮ-

ਸਿੰਘੇ, ਮਾਲਦੀਵ ਦੇ ਰਾਸ਼ਟਰਪਤੀ ਮੁਹੰਮਦ ਮੁਇਜ਼ੂ, ਸੇ-ਸ਼ੇਲਸ ਦੇ ਉਪ ਰਾਸ਼ਟਰਪਤੀ ਅਹਿਮਦ ਅਫੀਫ ਅਤੇ ਬੰਗਲਾਦੇਸ਼ ਦੀ ਪ੍ਰਧਾਨ ਮੰਤਰੀ ਸ਼ੇਖ ਹਸੀਨਾ, ਸਹੁੰ ਚੁੱਕ ਸਮਾਗਮ ਵਿੱਚ ਹਿੱਸਾ ਲੈਣ ਵਾਲਿਆਂ ਵਿਚ ਸ਼ਾਮਿਲ ਨੇ। ਦਿੱਲੀ ਪੁਲਿਸ ਨੇ ਸਹੁੰ ਚੁੱਕ ਸਮਾਗਮ ਦੇ ਮੱਦੇਨਜ਼ਰ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਨੇ।

---------------------------------------------------

ਆਕਾਸ਼ਵਾਣੀ ਸਹੁੰ ਚੁੱਕ ਸਮਾਗਮ ਦਾ ਸਿੱਧਾ ਪ੍ਰਸਾਰਣ ਕਰੇਗਾ। ਇਹ ਪ੍ਰਸਾਰਣ ਦਿੱਲੀ ਦੇ FM ਗੋਲਡ, ਇੰਦਰਪ੍ਰਸਥ ਆਕਾਸ਼ਵਾਣੀ ਲਾਈਵ ਨਿਊਜ਼ ਚੈਨਲ ਅਤੇ ਯੂ-ਟਿਊਬ ਚੈਨਲ 'ਤੇ ਸ਼ਾਮ 6 ਵੱਜ ਕੇ 45 ਮਿੰਟ ਤੋਂ ਉਪਲਬਧ ਹੋਵੇਗਾ।

---------------------------------------------------

ਓਧਰ ਮੋਹਾਲੀ ਜ਼ਿਲੇ ਤੋਂ ਪੰਜਾਬ BJP ਦੇ ਮੀਤ ਪ੍ਰਧਾਨ ਡਾ: ਸੁਭਾਸ਼ ਸ਼ਰਮਾ ਅਤੇ ਮੋਹਾਲੀ ਜ਼ਿਲ੍ਹਾ BJP ਦੇ ਪ੍ਰਧਾਨ ਸੰਜੀਵ ਵਸ਼ਿਸ਼ਟ ਨੇ ਇਸ ਮੌਕੇ ਖੁਸ਼ੀ ਦਾ ਇਜ਼ਹਾਰ ਕਰਦਿਆਂ, ਉੱਜਵਲ ਭਾਰਤ ਦੀ ਕਾਮਨਾ ਕੀਤੀ ਏ।

---

ਪੰਜਾਬ ਦੇ ਲੋਕਾਂ ਦੀ ਸਹੂਲਤ ਲਈ, SHO ਤੋਂ ਲੈ ਕੇ ਸੀਨੀਅਰ ਅਧਿਕਾਰੀਆਂ ਨੂੰ, ਹੁਣ ਰੋਜ਼ਾਨਾ 11 ਵਜੇ ਤੋਂ ਦੁਪਹਿਰ ਇਕ ਵਜੇ ਤੱਕ ਆਪਣੇ ਦਫ਼ਤਰਾਂ ’ਚ ਬੈਠਣਾ ਹੋਵੇਗਾ। ਇਸ ਉਪਰਾਲੇ ਦੇ ਆਧਾਰ 'ਤੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਜਾਣਗੀਆਂ। ਇਸ ਸਬੰਧੀ ਹੁਕਮ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਵੱਲੋਂ ਦਿੱਤੇ ਗਏ ਨੇ। ਉਨ੍ਹਾਂ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ ਐਕਸ 'ਤੇ ਪੋਸਟ ਕਰਕੇ ਇਹ ਜਾਣਕਾਰੀ ਦਿੱਤੀ ਏ। ਲੋਕਾਂ ਵੱਲੋਂ ਆ ਰਹੀਆਂ ਸ਼ਿਕਾਇਤਾਂ ਦਾ ਤੁਰੰਤ ਨਿਪਟਾਰਾ ਕਰਨ ਲਈ, ਪੁਲਿਸ ਮੁਖੀ ਵੱਲੋਂ ਇਹ ਫੈਸਲਾ ਲਿਆ ਗਿਆ ਏ। ਇਹ ਹੁਕਮ ਏ. DGP, IGP, DIG, ਪੁਲਿਸ ਕਮਿਸ਼ਨਰਾਂ, ਐਸ.ਐਸ.ਪੀ, ਸਬ-ਡਵੀਜ਼ਨਲ ਡੀ.ਐਸ.ਪੀ ਅਤੇ ਸਾਰੀਆਂ ਰੇਂਜਾਂ ਦੇ SHOs ਉੱਤੇ ਲਾਗੂ ਹੋਣਗੇ। ਇਹ ਹੁਕਮ ਸਾਰੇ ਕੰਮਕਾਜੀ ਦਿਨਾਂ 'ਤੇ ਲਾਗੂ ਹੋਵੇਗਾ। ਉਨ੍ਹਾਂ ਕਿਹਾ ਕਿ ਚੰਡੀਗੜ੍ਹ ਸਥਿਤ ਪੰਜਾਬ ਪੁਲਿਸ ਹੈੱਡ-ਕੁਆਰਟਰ ਵਿਖੇ, ਵਿਸ਼ੇਸ਼ DGP, ਐਡੀਸ਼ਨਲ DGP ਰੈਂਕ ਦੇ ਸੀਨੀਅਰ ਅਧਿਕਾਰੀਆਂ ਨੂੰ ਨਾਗਰਿਕਾਂ ਨੂੰ ਮਿਲਣ ਅਤੇ ਉਨ੍ਹਾਂ ਦੀਆਂ

ਸ਼ਿਕਾਇਤਾਂ ਦਾ ਨਿਪਟਾਰਾ ਕਰਨ ਲਈ ਉਪਲਬਧ ਰਹਿਣ ਵੀ ਦਿਨ ਨਿਰਧਾਰਤ ਕੀਤੇ ਗਏ ਨੇ।ਪੁਲਿਸ ਮੁਖੀ ਨੇ ਸਪੱਸ਼ਟ ਕੀਤਾ ਏ ਕਿ ਸਾਰਿਆਂ ਨੂੰ ਇਨ੍ਹਾਂ ਹੁਕਮਾਂ ਦੀ ਪਾਲਣਾ ਕਰਨੀ ਪਵੇਗੀ।

---------------------------------------------------------------

ਕੇਂਦਰੀ ਸੂਚਨਾ ਤੇ ਪ੍ਰਸਾਰਣ ਮੰਤਰਾਲਾ, ਯੋਗ ਅਭਿਆਸ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ ਕਰੇਗਾ । ਸੰਯੁਕਤ ਰਾਸ਼ਟਰ ਵਲੋਂ 2014 ਵਿੱਚ ਅਪਣਾਏ ਜਾਣ ਤੋਂ ਬਾਅਦ ਹਰ ਸਾਲ 21 ਜੂਨ ਨੂੰ ਕੌਮਾਂਤਰੀ ਯੋਗ ਦਿਵਸ ਵਿਸ਼ਵ ਭਰ ਵਿੱਚ ਪੂਰੇ ਜੋਸ਼ ਨਾਲ ਮਨਾਇਆ ਜਾਂਦਾ ਏ । ਲੋਕ ਸੇਵਾ ਪ੍ਰਸਾਰਕ ਪ੍ਰਸਾਰ ਭਾਰਤੀ ਦੂਰਦਰਸ਼ਨ ਅਤੇ ਆਕਾਸ਼ਵਾਣੀ ਨੈੱਟਵਰਕਾਂ ਰਾਹੀਂ ਵੱਖ-ਵੱਖ ਪ੍ਰੋਗਰਾਮਾਂ ਦਾ ਪ੍ਰਸਾਰਣ ਕਰੇਗਾ।ਦੂਰਦਰਸ਼ਨ ਆਪਣੇ ਸਵੇਰ ਦੇ ਵਿਸ਼ੇਸ਼ ਲਾਈਵ ਸ਼ੋਅ ਦੇ ਪ੍ਰਸਾਰਣ ਦੇ ਨਾਲ, ਪ੍ਰੋਗਰਾਮਾਂ ਅਤੇ ਯੋਗ ਮਾਹਿਰਾਂ ਨਾਲ ਇੰਟਰਵਿਊ ਦਾ ਪ੍ਰਸਾਰਣ ਵੀ ਕਰੇਗਾ । ਕੌਮਾਂਤਰੀ ਯੋਗ ਦਿਵਸ 2023 ਵਿੱਚ 23 ਕਰੋੜ ਤੋਂ ਵੱਧ ਲੋਕਾਂ ਨੇ ਹਿੱਸਾ ਲਿਆ ਸੀ ।ਇਸ ਵਾਰ ਵੀ ਯੋਗ ਦਿਵਸ ਨੂੰ ਲੈਕੇ, ਲੋਕਾਂ ਵਿਚ ਬਹੁਤ ਉਤਸ਼ਾਹ

ਵੇਖਣ ਨੂੰ ਮਿਲ ਰਿਹਾ ਏ। ਮੋਗਾ ਤੋਂ ਯੋਗ ਮਾਹਰਾਂ ਅਤੇ ਲੋਕਾਂ ਦਾ ਕਹਿਣਾ ਏ ਯੋਗ ਬਿਮਾਰੀਆਂ ਤੋਂ ਬਚਣ ਦਾ ਮੁਖ ਸਰੋਤ ਏ।

-----------------------------------------------------------

ਚੰਡੀਗੜ੍ਹ ਸਥਿਤ ਪੀ.ਜੀ.ਆਈ ਹਸਪਤਾਲ 'ਚ ਮਰੀਜ਼ਾਂ ਨੂੰ ਡਾਕਟਰ ਜਾਂ ਸਟਾਫ਼ ਨਾਲ ਗੱਲ ਕਰਨ 'ਚ ਕੋਈ ਦਿੱਕਤ ਨਹੀਂ ਆਵੇਗੀ, ਕਿਉਂਕਿ ਹੁਣ ਡਾਕਟਰ ਅਤੇ ਸਟਾਫ਼ ਸਾਰੇ ਮਰੀਜ਼ਾਂ ਨਾਲ ਹਿੰਦੀ 'ਚ ਗੱਲ ਕਰਨਗੇ। ਚੰਡੀਗੜ੍ਹ ਪੀ.ਜੀ.ਆਈ. ਦੇ ਡਾਇਰੈਕਟਰ ਡਾ. ਵਿਵੇਕ ਲਾਲ ਵਲੋਂ ਇਸ ਸਬੰਧੀ ਇਕ ਸਰਕੂਲਰ ਵੀ ਜਾਰੀ ਕੀਤਾ ਗਿਆ ਏ। ਇਸ ਦਾ ਮਕਸਦ ਮਰੀਜ਼ਾਂ ਅਤੇ ਡਾਕਟਰਾਂ ਵਿਚ ਬਿਹਤਰ ਤਾਲਮੇਲ ਪੈਦਾ ਕਰਨਾ ਏ। ਰੋਜ਼ਾਨਾ ਪੰਜਾਬ, ਹਰਿਆਣਾ, ਹਿਮਾਚਲ, ਉਤਰ ਪ੍ਰਦੇਸ਼ ਤੋਂ ਲਗਭਗ 10 ਹਜ਼ਾਰ ਮਰੀਜ਼ ਬਿਹਾਰ ਅਤੇ ਹੋਰ ਕਈ ਸੂਬਿਆਂ ਤੋਂ ਆਉਂਦੇ ਨੇ ਜਿਨ੍ਹਾਂ ਵਿਚੋਂ ਕੁਝ ਮਰੀਜ਼ਾਂ ਨੂੰ ਕਈ ਵਾਰ ਟੈਸਟਾਂ ਲਈ ਅੰਗਰੇਜ਼ੀ ਵਿਚ ਫਾਰਮ ਭਰਨ ਲਈ ਦੂਜਿਆਂ 'ਤੇ ਨਿਰਭਰ ਰਹਿਣਾ ਪੈਂਦਾ ਏ ।ਪੀ.ਜੀ.ਆਈ ਦੇ ਅੰਦਰ ਲੱਗੇ ਜ਼ਿਆਦਾਤਰ ਸਾਈਨ ਬੋਰਡ ਅੰਗਰੇਜ਼ੀ ਭਾਸ਼ਾ 'ਚ ਲਿਖੇ ਹੋਏ ਨੇ । ਇਨ੍ਹਾਂ ਸਾਈਨ ਬੋਰਡਾਂ ਨੂੰ ਵੀ

ਹਿੰਦੀ ’ਚ ਬਦਲ ਦਿਤਾ ਜਾਵੇਗਾ। ਡਾਕਟਰਾਂ ਨੂੰ ਵੀ ਸੰਸਥਾ ’ਚ ਵੱਧ ਤੋਂ ਵੱਧ ਹਿੰਦੀ ’ਚ ਗੱਲਬਾਤ ਕਰਨ ਦੀ ਅਪੀਲ ਕੀਤੀ ਏ।

---------------------------------------------------------

ਐਸ.ਏ.ਐੱਸ.ਨਗਰ ਸਥਿਤ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਦੇ ਛੇ ਹੋਰ ਕੈਡਿਟਾਂ ਨੂੰ ਦੇਹਰਾਦੂਨ ਸਥਿਤ ਭਾਰਤੀ ਫੌਜ ਅਕਾਦਮੀ ਤੋਂ ਸਫਲਤਾਪੂਰਵਕ ਪਾਸ ਹੋਣ ਉਪਰੰਤ ਭਾਰਤੀ ਫੌਜ ਵਿੱਚ ਕਮਿਸ਼ਨ ਮਿਲ ਗਿਆ ਏ। ਪਾਸਿੰਗ ਆਊਟ ਪਰੇਡ ਦਾ ਨਿਰੀਖਣ ਉੱਤਰੀ ਕਮਾਨ ਦੇ GOC ਲੈਫਟੀਨੈਂਟ ਜਨਰਲ ਐੱਮ.ਵੀ. ਸੁਚਿੰਦਰ ਕੁਮਾਰ ਵੱਲੋਂ ਕੀਤਾ ਗਿਆ। ਇਨ੍ਹਾਂ ਛੇ ਕੈਡਿਟਾਂ ਵਿਚ ਜ਼ਿਲ੍ਹਾ ਮੋਹਾਲੀ ਦੇ ਅਮਰਿੰਦਰ ਸਿੰਘ, ਅਦਿੱਤਿਆ ਸ਼ਰਮਾ, ਤੇ ਅਭੈ ਪ੍ਰਤਾਪ ਸਿੰਘ ਗੁਰਦਾਸਪੁਰ ਦੇ ਸ਼ੋਭਿਤਦੀਪ ਸਿੰਘ ,ਹੁਸ਼ਿਆਰਪੁਰ ਦੇ ਅਦਿੱਤਿਆ ਬਰਮੀ, ਅਤੇ ਪਠਾਨਕੋਟ ਦੇ ਤੁਸ਼ਾਂਤ ਸ਼ਾਮਿਲ ਨੇ। ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਇਹਨਾਂ ਕੈਡਿਟਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਨੂੰ ਹਥਿਆਰਬੰਦ ਸੈਨਾਵਾਂ ਵਿੱਚ ਸਫ਼ਲ ਭਵਿੱਖ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ।

ਇੰਸਟੀਚਿਊਟ ਦੇ ਡਾਇਰੈਕਟਰ, ਸੇਵਾਮੁਕਤ ਮੇਜਰ ਜਨਰਲ ਅਜੈ ਐਚ. ਚੌਹਾਨ ਨੇ ਦੱਸਿਆ ਕਿ ਸੰਸਥਾ ਦੇ ਦੋ ਹੋਰ ਕੈਡਿਟਾਂ ਨੂੰ ਇਸ ਸਾਲ ਮਈ ਵਿੱਚ ਭਾਰਤੀ ਜਲ ਸੈਨਾ ਵਿੱਚ ਸਬ-ਲੈਫ਼ਟੀਨੈਂਟ ਵਜੋਂ ਕਮਿਸ਼ਨ ਮਿਲਿਆ ਏ।

---------------------------------------------------------------------

ਦੇਸ਼ ਵਿਚ ਸਾਲ 1872 ਵਿਚ ਬਣੇ ਤਿੰਨ ਅਪਰਾਧਕ ਕਾਨੂੰਨਾਂ ਦੀ ਥਾਂ, ਕੇਂਦਰ ਸਰਕਾਰ ਵਲੋਂ ਹੁਣ ਮੌਜੂਦਾ ਸਮੇਂ ਮੁਤਾਬਿਕ ਬਣਾਏ ਗਏ, ਇਹ ਨਵੇਂ ਕਾਨੂੰਨ ਪਹਿਲੀ ਜੁਲਾਈ ਤੋਂ ਲਾਗੂ ਹੋ ਜਾਣਗੇ। ਇਨਾਂ ਵਿੱਚ ਔਰਤਾਂ ਤੇ ਬੱਚਿਆਂ ਪ੍ਰਤੀ ਜੁਰਮਾਂ ‘ਤੇ ਖਾਸ ਨਜ਼ਰ ਰੱਖੀ ਗਈ ਏ।

ਜਿਣਸੀ ਜ਼ੁਰਮਾਂ ਨਾਲ ਨਜਿੱਠਣ ਲਈ, ‘ਔਰਤਾਂ ਤੇ ਬੱਚਿਆਂ ਪ੍ਰਤੀ ਅਪਰਾਧ‘ ਨਾਂ ਦਾ ਇੱਕ ਨਵਾਂ ਅਧਿਆਇ ਸ਼ਾਮਿਲ ਕੀਤਾ ਗਿਆ ਏ। ਕ਼ਾਨੂਨ ਖੇਤਰ ਨਾਲ ਜੁੜੇ ਮਾਹਰ ਇਨਾਂ ਕਾਨੂੰਨਾਂ ਨੂੰ ਕਾਫੀ ਫਾਇਦੇਮੰਦ ਦੱਸਦੇ ਨੇ।

---------------------------------------------------------------------

ਕ੍ਰਿਕਟ ਦੇ T-20 ਵਿਸ਼ਵ ਕੱਪ 'ਚ ਭਾਰਤ ਅਤੇ ਪਾਕਿਸਤਾਨ ਵਿਚਾਲੇ

ਮੈਚ, ਅੱਜ ਰਾਤ 8 ਵਜੇ ਤੋਂ ਨਿਊਯਾਰਕ ਦੇ ਨਸਾਊ ਕਾਊਂਟੀ ਸਟੇਡੀਅਮ 'ਚ ਖੇਡਿਆ ਜਾਵੇਗਾ । ਇਸ ਦੇ ਲਈ ਟਾਸ ਸ਼ਾਮ ਸਾਢੇ 7 ਵਜੇ ਹੋਵੇਗਾ। ਇਸ ਮੈਚ ਵਿੱਚ ਦਰਸ਼ਕਾਂ ਦੀ ਭਾਰੀ ਉਤਸੁਕਤਾ ਦੇ ਵਿਚਕਾਰ ਰੋਹਿਤ ਸ਼ਰਮਾ ਦੀ ਅਗਵਾਈ ਵਿੱਚ ਭਾਰਤੀ ਟੀਮ ਦੇ ਖਿਡਾਰੀ ਵਿਰਾਟ ਕੋਹਲੀ, ਜਸਪ੍ਰੀਤ ਬੁਮਰਾਹ, ਰਿਸ਼ਭ ਪੰਤ ਆਪਣੇ ਜੌਹਰ ਦਿਖਾਉਣਗੇ, ਉੱਥੇ ਹੀ ਪਾਕਿਸਤਾਨੀ ਟੀਮ ਤੋਂ ਸਭ ਦੀਆਂ ਨਜ਼ਰਾਂ ਕਪਤਾਨ ਬਾਬਰ ਆਜ਼ਮ, ਮੁਹੰਮਦ ਰਿਜ਼ਵਾਨ ਅਤੇ ਸ਼ਾਹੀਨ ਸ਼ਾਹ ਅਫਰੀਦੀ ’ਤੇ ਹੋਣਗੀਆਂ। ਹਾਲਾਂਕਿ ਪਿੱਚ ਨੂੰ ਦੇਖਦੇ ਹੋਏ ਕਿਹਾ ਜਾ ਰਿਹਾ ਏ ਕਿ ਇਸ 'ਤੇ ਬੱਲੇਬਾਜ਼ੀ ਕਰਨਾ ਕਾਫੀ ਮੁਸ਼ਕਲ ਹੋਵੇਗਾ। ਇਹ ਪਿੱਚ ਗੇਂਦਬਾਜ਼ਾਂ ਲਈ ਕਾਫੀ ਮਦਦਗਾਰ ਮੰਨੀ ਜਾ ਰਹੀ ਏ। ਇਸ ਲਈ ਟਾਸ ਜਿੱਤਣ ਵਾਲੀ ਟੀਮ ਫਾਇਦੇ ਵਿੱਚ ਰਹੇਗੀ।

---

ਅਖੀਰ ਵਿਚ ਖਾਸ ਖਬਰਾਂ ਇਕ ਵਾਰ ਫੇਰ ਤੋਂ

- ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਨੇਤਾ ਨਰੇਂਦਰ ਮੋਦੀ, ਲਗਾਤਾਰ ਤੀਜੀ ਵਾਰ ਪ੍ਰਧਾਨ ਮੰਤਰੀ ਅਹੁਦੇ ਦੀ ਸਹੁੰ

ਚੁੱਕਣਗੇ। ਸਹੁੰ ਚੁੱਕ ਸਮਾਗਮ, ਅੱਜ ਸ਼ਾਮੀ, ਸਵਾ 7 ਵਜੇ ਰਾਸ਼ਟਰਪਤੀ ਭਵਨ ਵਿਚ ਹੋਵੇਗਾ ।

- ਪੰਜਾਬ ਦੇ DGP ਵਲੋਂ ਲੋਕਾਂ ਦੀ ਸਹੂਲਤ ਲਈ, SHO ਤੋਂ ਲੈ ਕੇ ਸੀਨੀਅਰ ਅਧਿਕਾਰੀਆਂ ਨੂੰ, ਰੋਜ਼ਾਨਾ 11 ਵਜੇ ਤੋਂ ਦੁਪਹਿਰ ਇਕ ਵਜੇ ਤੱਕ ਆਪਣੇ ਦਫ਼ਤਰਾਂ 'ਚ ਬੈਠਣ ਦੇ ਹੁਕਮ ।
- ਕੌਮਾਂਤਰੀ ਯੋਗ ਦਿਵਸ ਨੂੰ ਲੈਕੇ, ਲੋਕਾਂ ਵਿਚ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਏ ।
- ਨਿਊਯਾਰਕ ਵਿਖੇ, ਟਵੰਟੀ-ਟਵੰਟੀ ਕ੍ਰਿਕਟ ਵਿਸ਼ਵ ਕੱਪ 'ਚ, ਅੱਜ ਭਾਰਤ ਦਾ ਮੁਕਾਬਲਾ ਪਾਕਿਸਤਾਨ ਨਾਲ ਹੋਵੇਗਾ ।